15ਵੀਂ ਵਿਧਾਨ ਸਭਾ
14ਵਾਂ ਸਮਾਗਮ (ਬਜਟ)

# ਪੰਜਾਬ ਵਿਧਾਨ ਸਭਾ

## ਕਾਰਜ-ਸੂਚੀ

ਮੰਗਲਵਾਰ, 2 ਮਾਰਚ, 2021
10.00 ਵਜੇ ਸਵੇਰੇ

---

**I. ਪ੍ਰਸ਼ਨ**

ਵੱਖ ਸੂਚੀ ਵਿਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਉੱਤਰ ਦਿੱਤੇ ਜਾਣਗੇ।

**II. ਮਾਨਯੋਗ ਸਪੀਕਰ/ਸਕੱਤਰ ਦੁਆਰਾ ਐਲਾਨ**

**III. ਧਿਆਨ ਦਿਵਾਊ ਨੋਟਿਸ**

1. **ਡਾਕਟਰ ਸੁਖਵਿੰਦਰ ਕੁਮਾਰ, ਐਮ.ਐਲ.ਏ.:-** ਖੇਡ ਮੰਤਰੀ ਦਾ ਧਿਆਨ ਬੰਗਾ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਸਟੇਡੀਅਮ ਦੀ ਅਧੂਰੀ ਉਸਾਰੀ ਵੱਲ ਦਿਵਾਉਣਗੇ ਇਸ ਤੱਥ ਦੇ ਬਾਵਜੂਦ ਕਿ ਇਸ ਮੰਤਵ ਲਈ ਫੰਡ ਪਹਿਲਾਂ ਹੀ ਜਾਰੀ ਹੋ ਚੁੱਕੇ ਹਨ।
(ਨੰ: 4)

2. **ਸ਼੍ਰੀ ਅਮਨ ਅਰੋੜਾ, ਐਮ.ਐਲ.ਏ.:-** ਪਸ਼ੂ ਪਾਲਣ ਅਤੇ ਮੱਛੀ ਪਾਲਣ ਮੰਤਰੀ ਦਾ ਧਿਆਨ ਰਾਜ ਵਿੱਚ ਅਮਰੀਕਨ/ਐਚ.ਐਫ ਨਸਲ ਦੇ ਸਾਨ੍ਹਾਂ ਦੀ ਵੱਧ ਰਹੀ ਗਿਣਤੀ ਦੇ ਕਾਰਨ ਪੈਦਾ ਹੋਈ ਸਮੱਸਿਆ ਵੱਲ ਦਿਵਾਉਣਗੇ।
(ਨੰ: 10)

3. **ਸ਼੍ਰੀ ਅਮਨ ਅਰੋੜਾ, ਐਮ.ਐਲ.ਏ.:-** ਮੁੱਖ ਮੰਤਰੀ ਦਾ ਧਿਆਨ ਰਾਜ ਵਿੱਚ ਲਾਊਡ ਸਪੀਕਰਾਂ ਦੁਆਰਾ ਹੁੰਦੇ ਸ਼ੋਰ-ਸ਼ਰਾਬੇ ਦੇ ਕਾਰਨ ਹੋ ਰਹੇ ਪ੍ਰਦੂਸ਼ਨ ਵੱਲ ਦਿਵਾਉਣਗੇ।
(ਨੰ: 12)

**IV.** ਸਪੀਕਰ — ਨਿਯਮ ਕਮੇਟੀ ਦੀ ਰਿਪੋਰਟ ਮੇਜ਼ ਤੇ ਮੁੜ ਰੱਖਣਗੇ ਜਿਵੇਂ ਕਿ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਨ ਨਿਯਮਾਂਵਲੀ ਦੇ ਨਿਯਮ 232(1) ਅਧੀਨ ਲੋੜੀਂਦਾ ਹੈ।

**V.** ਸਕੱਤਰ — ਦੁਆਰਾ ਪੰਜਾਬ ਵਿਧਾਨ ਸਭਾ (ਦਲ ਬਦਲੀ ਦੇ ਆਧਾਰ ਤੇ ਮੈਂਬਰਾਂ ਦੀ ਅਯੋਗਤਾ) ਨਿਯਮ, 2020 ਜੋ ਕਿ ਭਾਰਤ ਦੇ ਸੰਵਿਧਾਨ ਦੀ ਦਸਵੀਂ ਅਨੁਸੂਚੀ ਦੇ ਪੈਰ੍ਹਾ ੪ ਦੁਆਰਾ ਪ੍ਰਦਾਨ ਕੀਤੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਸਪੀਕਰ, ਪੰਜਾਬ ਵਿਧਾਨ ਸਭਾ ਦੁਆਰਾ ਫਰੇਮ ਕੀਤੇ ਗਏ ਹਨ, ਸਦਨ ਦੀ ਮੇਜ਼ ਤੇ ਮੁੜ ਰੱਖੇ ਜਾਣਗੇ, ਜਿਵੇਂ ਕਿ ਪੈਰ੍ਹਾ ੪ ਦੇ ਉਪ-ਪੈਰ੍ਹਾ (2) ਅਧੀਨ ਲੋੜੀਂਦਾ ਹੈ।

**VI. ਰਿਪੋਰਟਾਂ ਪੇਸ਼ ਕਰਨੀਆਂ**

**ਵਿਸ਼ੇਸ਼ ਅਧਿਕਾਰ ਕਮੇਟੀ ਦਾ ਸਭਾਪਤੀ** — ਵਿਸ਼ੇਸ਼ ਅਧਿਕਾਰ ਦੇ ਉਠਾਏ ਗਏ ਮਾਮਲਿਆਂ ਸਬੰਧੀ ਵਿਸ਼ੇਸ਼ ਅਧਿਕਾਰ ਕਮੇਟੀ ਦੀ ਤੀਸਰੀ/ਅੱਠਵੀਂ/ਨੌਵੀਂ/ਦਸਵੀ ਅੰਤਰਿਮ ਰਿਪੋਰਟਾਂ ਪੇਸ਼ ਕਰਨਗੇ:-

i) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿਰੁੱਧ;

ii) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

01/03/2021
Superintendent
Punjab Vidhan Sabha
Chandigarh

ਪਰਤੋਂ ਜੀ......

iii) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ. ਦੇ ਵਿਰੁੱਧ;

iv) ਸਰਦਾਰ ਕੁਲਬੀਰ ਸਿੰਘ ਜ਼ੀਰਾ, ਐਮ.ਐਲ.ਏ., ਸਰਦਾਰ ਸਿਮਰਜੀਤ ਸਿੰਘ ਬੈਂਸ, ਐਮ.ਐਲ.ਏ. ਦੇ ਵਿਰੁੱਧ;

v) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਸ਼੍ਰੀ ਪਵਨ ਕੁਮਾਰ ਟੀਨੂ, ਐਮ.ਐਲ.ਏ. ਦੇ ਵਿਰੁੱਧ;

vi) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਸ਼੍ਰੋਮਣੀ ਅਕਾਲੀ ਦਲ ਦੇ ਮੈਂਬਰਾਂ ਵਿਰੁੱਧ; ਅਤੇ

vii) ਸ਼੍ਰੀ ਬ੍ਰਹਮ ਮੋਹਿੰਦਰਾ, ਸੰਸਦੀ ਮਾਮਲਿਆਂ ਦੇ ਮੰਤਰੀ, ਪੰਜਾਬ, ਸ਼੍ਰੀ ਪਵਨ ਕੁਮਾਰ ਟੀਨੂ, ਐਮ.ਐਲ.ਏ. ਦੇ ਵਿਰੁੱਧ।

## VII. ਮੇਜ਼ ਉੱਤੇ ਰੱਖੇ ਜਾਣ ਵਾਲੇ ਕਾਗਜ਼ ਪੱਤਰ

1. **ਇੱਕ ਮੰਤਰੀ** ਸਾਲ 2016-17 ਲਈ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਿਟੀ ਦੀ ਸਾਲਾਨਾ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 54(2) ਅਧੀਨ ਲੋੜੀਂਦਾ ਹੈ।

2. **ਇੱਕ ਮੰਤਰੀ** ਸਾਲ 2017-18 ਲਈ ਪਟਿਆਲਾ ਸ਼ਹਿਰੀ ਯੋਜਨਾ ਅਤੇ ਵਿਕਾਸ ਅਥਾਰਟੀ ਦੀ ਸਾਲਾਨਾ ਆਡਿਟ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 53(5) ਅਧੀਨ ਲੋੜੀਂਦਾ ਹੈ।

3. **ਇੱਕ ਮੰਤਰੀ** ਸਾਲਾਂ 2017-18 ਅਤੇ 2018-19 ਲਈ ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਿਟੀ ਦੇ ਲੇਖਿਆਂ ਦੇ ਸਾਲਾਨਾ ਵਿਵਰਣ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 53(5) ਅਧੀਨ ਲੋੜੀਂਦਾ ਹੈ।

4. **ਇੱਕ ਮੰਤਰੀ** ਸਾਲਾਂ 2015-16 ਅਤੇ 2016-17 ਲਈ ਬਠਿੰਡਾ ਵਿਕਾਸ ਅਥਾਰਿਟੀ ਦੇ ਲੇਖਿਆਂ ਦੇ ਸਾਲਾਨਾ ਵਿਵਰਣ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 53(5) ਅਧੀਨ ਲੋੜੀਂਦਾ ਹੈ।

5. **ਇੱਕ ਮੰਤਰੀ** ਸਾਲ 2018-19 ਲਈ ਪੰਜਾਬ ਅਨੁਸੂਚਿਤ ਜਾਤੀਆਂ ਭੌ ਵਿਕਾਸ ਵਿੱਤ ਕਾਰਪੋਰੇਸ਼ਨ, ਚੰਡੀਗੜ੍ਹ ਦੀ ਸਾਲਾਨਾ ਪ੍ਰਬੰਧਕੀ ਰਿਪੋਰਟ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਪੰਜਾਬ ਅਨੁਸੂਚਿਤ ਜਾਤੀਆਂ ਭੌ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਐਕਟ, 1970 ਦੀ ਧਾਰਾ 27(5) ਅਧੀਨ ਲੋੜੀਂਦਾ ਹੈ।

6. **ਇੱਕ ਮੰਤਰੀ** ਪੰਜਾਬ ਰਾਜ ਰੀਅਲ ਅਸਟੇਟ(ਵਿਨਿਯਮ ਅਤੇ ਵਿਕਾਸ) (ਪਹਿਲੀ ਸੋਧਨਾ) ਨਿਯਮ, 2020 ਸੋਧ ਪੱਤਰ ਸਮੇਤ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਰੀਅਲ ਅਸਟੇਟ (ਵਿਨਿਯਮ ਅਤੇ ਵਿਕਾਸ) ਐਕਟ, 2016 ਦੀ ਧਾਰਾ 86 (2) ਅਧੀਨ ਲੋੜੀਂਦਾ ਹੈ।

7. **ਇੱਕ ਮੰਤਰੀ** ਸਾਲਾਂ 2011-12, 2012-13, 2013-14 ਅਤੇ 2014-15 ਲਈ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਆਮਦਨ ਅਤੇ ਖਰਚੇ ਦੇ ਵਿੱਤੀ ਵਿਵਰਣ ਸਦਨ ਮੇਜ਼ ਤੇ ਰੱਖਣਗੇ, ਜਿਵੇਂ ਕਿ ਕਾਨੂੰਨੀ ਸੇਵਾਵਾਂ ਅਥਾਰਟੀਜ਼ ਐਕਟ, 1987 ਦੀ ਧਾਰਾ 18(6) ਅਧੀਨ ਲੋੜੀਂਦਾ ਹੈ।

8. **ਇੱਕ ਮੰਤਰੀ** ਸਾਲਾਂ 2016-17 ਅਤੇ 2017-18 ਲਈ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਿਟੀ ਦੇ ਲੇਖਿਆ ਦੇ ਸਾਲਾਨਾ ਵਿਵਰਣ ਸਦਨ ਦੀ ਮੇਜ਼ ਤੇ ਰੱਖਣਗੇ, ਜਿਵੇਂ ਕਿ ਪੰਜਾਬ ਖੇਤਰੀ ਅਤੇ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਐਕਟ, 1995 ਦੀ ਧਾਰਾ 53(5) ਅਧੀਨ ਲੋੜੀਂਦਾ ਹੈ।

01/03/2021
Superintendent
Punjab Vidhan Sabha
Chandigarh

## VIII. ਰਾਜਪਾਲ ਦੇ ਭਾਸ਼ਣ ਤੇ ਧੰਨਵਾਦ ਪ੍ਰਸਤਾਵ ਅਤੇ ਬਹਿਸ

i) **ਡਾਕਟਰ ਰਾਜ ਕੁਮਾਰ ਵੇਰਕਾ, ਐਮ.ਐਲ.ਏ**: ਪ੍ਰਸਤਾਵ ਕਰਨਗੇ ਕਿ ਰਾਜਪਾਲ ਜੀ ਨੂੰ ਹੇਠ ਲਿਖੇ ਸ਼ਬਦਾਂ ਵਿੱਚ ਮਾਣ ਪੱਤਰ ਪੇਸ਼ ਕੀਤਾ ਜਾਵੇ:-

"ਕਿ ਇਸ ਸਮਾਗਮ ਵਿਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਹਨਾਂ ਨੇ 1 ਮਾਰਚ, 2021 ਨੂੰ ਸਦਨ ਵਿਚ ਦੇਣ ਦੀ ਕ੍ਰਿਪਾਲਤਾ ਕੀਤੀ।"

ii) **ਸਰਦਾਰ ਹਰਮਿੰਦਰ ਸਿੰਘ ਗਿੱਲ, ਐਮ.ਐਲ.ਏ**: ਉਪਰੋਕਤ ਪ੍ਰਸਤਾਵ ਦੀ ਪ੍ਰੋੜਤਾ ਕਰਨਗੇ।

ਚੰਡੀਗੜ੍ਹ;
1 ਮਾਰਚ, 2021

**ਸ਼ਸ਼ੀ ਲਖਨਪਾਲ ਮਿਸ਼ਰਾ,**
**ਸਕੱਤਰ ।**

Superintendent 01/03/2021
Punjab Vidhan Sabha
Chandigarh